ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਜਨਤਕ ਥਾਵਾਂ ’ਤੇ ਅਵਾਰਾ ਪਸ਼ੂਆਂ ਨੂੰ ਚਾਰਾ ਪਾਉਣ ’ਤੇ ਪਾਬੰਦੀ

ਫਾਜ਼ਿਲਕਾ 19 ਸਤੰਬਰ

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਬਤਾ ਫੌਜਦਾਰੀ ਸੰਘਤਾ 1973(1974 ਐਕਟ ਨੰ:2) ਦੀ ਧਾਰਾ 144 ਤਹਿਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਜਨਤਕ ਥਾਵਾਂ ’ਤੇ ਅਵਾਰਾ ਪਸ਼ੂਆਂ ਨੂੰ ਹਰਾ ਚਾਰਾ ਪਾਉਣ ’ਤੇ ਅਗਲੇ ਹੁਕਮਾਂ ਤੱਕ ਪਾਬੰਦੀ ਲਗਾਉਣ ਦੇ ਆਦੇਸ਼ ਜਾਰੀ ਕੀਤੇ ਹਨ।

ਜ਼ਿਲ੍ਹਾ ਮੈਜਿਸਟਰੇਟ ਨੇ ਜਾਰੀ ਹੁਕਮਾਂ ਵਿੱਚ ਕਿਹਾ ਕਿ ਜਨਤਕ ਥਾਵਾਂ ਤੇ ਆਮ ਲੋਕਾਂ ਵੱਲੋਂ ਅਵਾਰਾ ਪਸ਼ੂਆਂ ਨੂੰ ਹਰਾ ਚਾਰਾ ਪਾਇਆ ਜਾਂਦਾ ਹੈ ਜਿਸ ਨਾਲ ਆਵਾਜਾਈ ਦੀ ਸਮੱਸਿਆ ਪੈਦਾ ਹੁੰਦੀ ਹੈ ਇਸ ਨਾਲ ਜਾਨ ਮਾਲ ਦਾ ਨੁਕਸਾਨ ਵੀ ਹੋ ਸਕਦਾ ਹੈ। ਉਨ੍ਹਾਂ ਜਨਤਕ ਥਾਵਾਂ ’ਤੇ ਅਵਾਰਾ ਪਸ਼ੂਆਂ ਨੂੰ ਹਰਾ ਚਾਰਾ ਨਾ ਪਾਉਣ ਦੇ ਹੁਕਮ ਜਾਰੀ ਕੀਤੇ ਹਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਮੂੰਹ ’ਤੇ ਕੱਪੜਾ ਬਣ ਕੇ ਵਹੀਕਲ ਚਲਾਉਣ ’ਤੇ ਪਾਬੰਦੀ

ਫਾਜ਼ਿਲਕਾ 19 ਸਤੰਬਰ

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਬਤਾ ਫੌਜਦਾਰੀ ਸੰਘਤਾ 1973(1974 ਐਕਟ ਨੰ:2) ਦੀ ਧਾਰਾ 144 ਤਹਿਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਅੰਦਰ ਆਮ ਨਾਗਰਿਕਾਂ ਨੂੰ ਵਹੀਕਲ ਡਰਾਈਵ ਕਰਦੇ ਸਮੇਂ ਸੜਕ ਤੇ ਪੈਦਲ ਚਲਦੇ ਸਮੇਂ ਮੂੰਹ ਢੱਕ ਕੇ ਵਹੀਕਲ ਚਲਾਉਣ ’ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 05 ਨੰਵਬਰ 2017 ਤੱਕ ਲਾਗੂ ਰਹਿਣਗੇ।

ਜ਼ਿਲ੍ਹਾ ਮੈਜਿਸਟਰੇਟ ਨੇ ਜਾਰੀ ਹੁਕਮਾਂ ਵਿੱਚ ਕਿਹਾ ਕਿ ਆਮ ਨਾਗਰਿਕਾਂ ਵੱਲੋਂ ਵਹੀਕਲ ਡਰਾਈਵ ਕਰਦੇ ਜਾਂ ਪੈਦਲ ਚਲਦੇ ਸਮੇਂ ਆਪਣਾ ਚਿਹਰਾ ਕੱਪੜੇ ਨਾਲ ਢੱਕ ਲੈਂਦੇ ਹਨ, ਜਿਸ ਨਾਲ ਉਨ੍ਹਾਂ ਦੀ ਪਹਿਚਾਣ ਕਰਨੀ ਮੁਸ਼ਕਲ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਚਿਹਰਾ ਢੱਕਣ ਨਾਲ ਸਮਾਜ ਵਿਰੋਧੀ ਅਨਸਰ ਕਿਸੇ ਵੀ ਵਾਰਦਾਤ ਨੂੰ ਅੰਜ਼ਾਮ ਦੇ ਕੇ ਪੁਲਿਸ ਤੋਂ ਬੱਚ ਸਕਦੇ ਹਨ। ਉਨ੍ਹਾਂ ਆਮ ਜਨਤਾ ਦੀ ਜਾਨ ਮਾਲ ਦੀ ਰਾਖੀ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਹ ਹੁਕਮ ਜਾਰੀ ਕੀਤੇ ਹਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਮਿਲਟਰੀ ਰੰਗ ਦੀ ਵਰਦੀ ਤੇ ਵਹੀਕਲ ਦੀ ਵਰਤੋਂ ਕਰਨ ’ਤੇ ਪਾਬੰਦੀ

ਫਾਜ਼ਿਲਕਾ 19 ਸਤੰਬਰ

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਬਤਾ ਫੌਜਦਾਰੀ ਸੰਘਤਾ 1973(1974 ਐਕਟ ਨੰ:2) ਦੀ ਧਾਰਾ 144 ਤਹਿਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ

ਫਾਜ਼ਿਲਕਾ ਦੀ ਹਦੂਦ ਅੰਦਰ ਆਮ ਲੋਕਾਂ ਦੇ ਮਿਲਟਰੀ ਰੰਗ ਦੀ ਵਰਦੀ ਤੇ ਵਹੀਕਲਾਂ ਦੀ ਖਰੀਦ, ਵੇਚ ਤੇ ਵਰਤੋਂ ਕਰਨ ’ਤੇ 05 ਨੰਵਬਰ 2017 ਤੱਕ ਪਾਬੰਦੀ ਲਗਾਉਣ ਦੇ ਆਦੇਸ਼ ਜਾਰੀ ਕੀਤੇ ਹਨ।

ਜ਼ਿਲ੍ਹਾ ਮੈਜਿਸਟਰੇਟ ਨੇ ਜਾਰੀ ਹੁਕਮਾਂ ਵਿੱਚ ਕਿਹਾ ਕਿ ਆਮ ਲੋਕਾਂ ਵੱਲੋਂ ਮਿਲਟਰੀ ਰੰਗ ਦੀ ਵਰਦੀ ਪਹਿਨੀ ਜਾਂਦੀ ਹੈ ਤੇ ਮਿਲਟਰੀ ਰੰਗ ਦੇ ਵਹੀਕਲ ਜਿਵੇਂ ਕਿ ਜੀਪਾਂ, ਮੋਟਰਸਾਈਕਲਾਂ, ਟਰੱਕਾਂ ਆਦਿ ਦੀ ਵਰਤੋਂ ਕੀਤੀ ਜਾਂਦੀ ਹੈ। ਕੁਝ ਸ਼ਰਾਰਤੀ ਅਨਸਰਾਂ ਵੱਲੋਂ ਮਿਲਟਰੀ ਰੰਗ ਦੀਆਂ ਵਰਦੀਆਂ/ਵਹੀਕਲਾਂ ਦਾ ਗਲਤ ਇਸਤੇਮਾਲ ਕਰਕੇ ਜ਼ਿਲ੍ਹੇ ਅੰਦਰ ਅਮਨ ਤੇ ਸ਼ਾਂਤੀ ਭੰਗ ਕੀਤੀ ਜਾ ਸਕਦੀ ਹੈ। ਜਿਸ ਨਾਲ ਮਾਨਵ ਜੀਵਨ ਦੀ ਹੋਂਦ ਨੂੰ ਖਤਰਾ ਪੈਦਾ ਹੰਦਾ ਹੈ। ਉਨ੍ਹਾਂ ਬੁਰੇ ਪ੍ਰਭਾਵ ਨੂੰ ਰੋਕਣ ਲਈ ਇਹ ਹੁਕਮ ਜਾਰੀ ਕੀਤੇ ਹਨ।